15ਵੀਂ ਵਿਧਾਨ ਸਭਾ
ਚੌਥਾ ਸਮਾਗਮ

**ਪੰਜਾਬ ਵਿਧਾਨ ਸਭਾ**
ਬੁਲੇਟਿਨ ਨੰ: 2
**ਬੁੱਧਵਾਰ, 21 ਮਾਰਚ, 2018 (ਸਵੇਰ ਦੀ ਬੈਠਕ)**
**(10.00 ਵਜੇ ਸਵੇਰ ਤੋਂ 02.30 ਵਜੇ ਬਾਅਦ ਦੁਪਹਿਰ ਤੱਕ)**

1. **ਪ੍ਰਸ਼ਨ**

(ੳ) ਨਿਸ਼ਾਨ ਵਾਲੇ ਪ੍ਰਸ਼ਨ:

| ਕ੍ਰਮ ਪੱਤਰ ਤੇ ਕੁੱਲ ਪ੍ਰਸ਼ਨ | ਉੱਤਰ ਦਿੱਤੇ ਗਏ | ਪੁੱਛੇ ਨਾ ਗਏ | ਮੁਲਤਵੀ ਕੀਤੇ ਗਏ | ਨਿਯਮ 38 ਅਧੀਨ ਉੱਤਰ ਦਿੱਤੇ ਗਏ | ਅਨੁਪੂਰਕਾਂ ਦੀ ਗਿਣਤੀ |
|---|---|---|---|---|---|
| 20 | 12 | - | 01 | 07 | 29 |

(ਅ) ਬਿਨਾਂ ਨਿਸ਼ਾਨ ਵਾਲੇ ਪ੍ਰਸ਼ਨ: 10

2. **ਮਾਨਯੋਗ ਸਪੀਕਰ ਵੱਲੋਂ ਸਵਾਗਤੀ ਐਲਾਨ**

ਮਾਨਯੋਗ ਸਪੀਕਰ ਵੱਲੋਂ ਸ਼੍ਰੀਮਤੀ ਪਰਨੀਤ ਕੌਰ, ਸਾਬਕਾ ਕੇਂਦਰੀ ਮੰਤਰੀ ਦੇ ਸਦਨ ਵਿੱਚ ਹਾਜ਼ਰ ਹੋਣ ਬਾਰੇ ਸਦਨ ਨੂੰ ਜਾਣੂ ਕਰਵਾਇਆ ਗਿਆ ਅਤੇ ਸਮੂਹ ਸਦਨ ਵੱਲੋਂ ਉਨ੍ਹਾਂ ਨੂੰ ਜੀ ਆਇਆਂ ਕਿਹਾ ਗਿਆ।

3. **ਮਾਨਯੋਗ ਸਪੀਕਰ ਦੁਆਰਾ ਐਲਾਨ**

(i) **ਸਭਾਪਤੀ ਨਾਮਾਂਵਲੀ ਸਬੰਧੀ**

ਮਾਨਯੋਗ ਸਪੀਕਰ ਨੇ ਪੰਜਾਬ ਵਿਧਾਨ ਸਭਾ ਦੀ ਕਾਰਜਵਿਧੀ ਅਤੇ ਕਾਰਜ ਸੰਚਾਲਣ ਨਿਯਮਾਂਵਲੀ ਦੇ ਨਿਯਮ 13(1) ਦੇ ਅਧੀਨ ਨਿਮਨਲਿਖਤ ਮਾਨਯੋਗ ਮੈਂਬਰਾਂ ਨੂੰ ਸਭਾਪਤੀ ਨਾਮਾਂਵਲੀ ਲਈ ਨਾਮਜ਼ਦ ਕਰਨ ਸਬੰਧੀ ਐਲਾਨ ਕੀਤਾ:

1. ਸਰਦਾਰ ਸੁਖਬਿੰਦਰ ਸਿੰਘ ਸਰਕਾਰੀਆ
2. ਸਰਦਾਰ ਪਰਗਟ ਸਿੰਘ
3. ਸ਼੍ਰੀ ਅਮਨ ਅਰੋੜਾ
4. ਸਰਦਾਰ ਗੁਰਪ੍ਰਤਾਪ ਸਿੰਘ ਵਡਾਲਾ

(ii) **ਰਾਜਪਾਲ ਦੇ ਭਾਸ਼ਣ ਸਬੰਧੀ**

ਪੰਜਾਬ ਵਿਧਾਨ ਸਭਾ ਦੀ ਕਾਰਜਵਿਧੀ ਅਤੇ ਕਾਰਜ ਸੰਚਾਲਣ ਨਿਯਮਾਵਲੀ ਦੇ ਨਿਯਮ 18 ਦੀ ਪੈਰਵੀ ਵਿਚ ਮਾਨਯੋਗ ਸਪੀਕਰ ਵਲੋਂ ਦੱਸਿਆ ਗਿਆ ਕਿ ਰਾਜਪਾਲ ਜੀ ਨੇ ਸੰਵਿਧਾਨ ਦੇ ਅਨੁਛੇਦ 176 (1) ਅਧੀਨ 20 ਮਾਰਚ, 2018 ਨੂੰ 11.00 ਵਜੇ ਸਵੇਰ ਪੰਜਾਬ ਵਿਧਾਨ ਸਭਾ ਨੂੰ ਭਾਸ਼ਣ ਦੇਣ ਦੀ ਕ੍ਰਿਪਾਲਤਾ ਕੀਤੀ ਹੈ। ਮਾਨਯੋਗ ਸਪੀਕਰ ਵਲੋਂ ਭਾਸ਼ਣ ਦੀ ਇਕ ਕਾਪੀ ਸਦਨ ਦੀ ਮੇਜ਼ ਤੇ ਰੱਖੀ ਗਈ।

4. **ਸਕੱਤਰ ਦੁਆਰਾ ਐਲਾਨ:**

ਸਕੱਤਰ ਵੱਲੋਂ 15ਵੀਂ ਵਿਧਾਨ ਸਭਾ ਦੁਆਰਾ ਇਸ ਦੇ ਤੀਜੇ ਸਮਾਗਮ ਦੌਰਾਨ ਪਾਸ ਕੀਤੇ ਗਏ ਬਿਲਾਂ, ਜਿਨ੍ਹਾਂ ਤੇ ਰਾਜਪਾਲ ਜੀ ਨੇ ਆਪਣੀ ਸਹਿਮਤੀ ਦੇ ਦਿੱਤੀ ਹੈ, ਦਾ ਵੇਰਵਾ ਸਦਨ ਦੀ ਮੇਜ਼ ਤੇ ਰੱਖਿਆ ਗਿਆ।

5. **ਸਦਨ ਨੂੰ ਥੋੜ੍ਹੇ ਸਮੇਂ ਲਈ ਸਥਗਿਤ ਕਰਨਾ**

ਮਾਨਯੋਗ ਸਪੀਕਰ ਵੱਲੋਂ ਸਦਨ 11.13 ਵਜੇ ਸਵੇਰ ਤੋਂ 11.43 ਵਜੇ ਸਵੇਰ ਤੱਕ, ਅੱਧੇ ਘੰਟੇ ਲਈ ਸਥਗਿਤ ਕੀਤਾ ਗਿਆ।

6. <u>ਧਿਆਨ ਦਿਵਾਊ ਨੋਟਿਸ</u>

1. **ਸਰਦਾਰ ਸੁਖਪਾਲ ਸਿੰਘ ਖਹਿਰਾ, ਵਿਰੋਧੀ ਧਿਰ ਦੇ ਨੇਤਾ, ਸਰਦਾਰ ਹਰਪਾਲ ਸਿੰਘ ਚੀਮਾ, ਐਮ.ਐਲ.ਏ ਅਤੇ ਸ਼੍ਰੀ ਜੈ ਕ੍ਰਿਸ਼ਨ, ਐਮ.ਐਲ.ਏ** ਵਲੋਂ ਅਵਾਰਾ ਜਾਨਵਰਾਂ ਕਾਰਨ ਰਾਜ ਵਿੱਚ ਵਾਪਰਦੀਆਂ ਸੜਕ ਦੁਰਘਟਨਾਵਾਂ ਵੱਲ ਸਰਕਾਰ ਦਾ ਧਿਆਨ ਦਿਵਾਇਆ ਗਿਆ।

(ਨੰ: 11)

ਸਥਾਨਕ ਸਰਕਾਰ ਮੰਤਰੀ ਨੇ ਜਵਾਬ ਦਿੱਤਾ।

2. **ਸਰਦਾਰ ਸੰਗਤ ਸਿੰਘ ਗਿਲਜ਼ੀਆਂ, ਐਮ.ਐਲ.ਏ** ਵਲੋਂ ਕੰਪਨੀਆਂ ਦੁਆਰਾ ਸੜਕਾਂ ਉਪਰ ਅਰਥਾਤ ਦਸੂਹਾ ਤੋਂ ਹੁਸ਼ਿਆਰਪੁਰ, ਟਾਂਡਾ ਤੋਂ ਹੁਸ਼ਿਆਰਪੁਰ, ਹੁਸ਼ਿਆਰਪੁਰ ਤੋਂ ਬਲਾਚੌਰ ਅਤੇ ਜਲੰਧਰ ਤੋਂ ਟਾਂਡਾ ਵਿਖੇ ਆਪਣੇ ਸਥਾਪਤ ਕੀਤੇ ਗਏ ਟੋਲ ਪਲਾਜ਼ਿਆਂ ਦੁਆਰਾ ਅਣਉਚਿਤ ਪ੍ਰਦਾਨ ਕੀਤੀਆਂ ਜਾਂਦੀਆਂ ਸੇਵਾਵਾਂ ਵੱਲ ਸਰਕਾਰ ਦਾ ਧਿਆਨ ਦਿਵਾਇਆ ਗਿਆ।

(ਨੰ: 12)

ਰਾਜ ਮੰਤਰੀ, ਲੋਕ ਨਿਰਮਾਣ (ਭਵਨ ਅਤੇ ਮਾਰਗ) ਨੇ ਜਵਾਬ ਦਿੱਤਾ।

7. <u>ਕਾਰਜ ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ</u>

ਮਾਨਯੋਗ ਸਪੀਕਰ ਨੇ ਪੰਜਾਬ ਵਿਧਾਨ ਸਭਾ ਦੁਆਰਾ 21 ਮਾਰਚ, 2018 (ਬਾਅਦ ਦੁਪਹਿਰ) ਤੋਂ 28 ਮਾਰਚ, 2018 ਤੱਕ ਕੀਤੇ ਜਾਣ ਵਾਲੇ ਕੰਮ-ਕਾਰ ਸਬੰਧੀ ਕਾਰਜ ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ ਸਦਨ ਵਿਚ ਪੇਸ਼ ਕੀਤੀ।

ਸੰਸਦੀ ਮਾਮਲੇ ਮੰਤਰੀ ਵੱਲੋਂ ਪੇਸ਼ ਕੀਤਾ ਗਿਆ ਨਿਮਨਲਿਖਤ ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ :-

"ਕਿ ਇਹ ਸਦਨ ਕਾਰਜ-ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ ਵਿੱਚ ਦਰਜ ਸਿਫਾਰਸ਼ਾਂ ਨਾਲ ਸਹਿਮਤ ਹੈ।"

ਨਿਮਨਲਿਖਤ ਮੈਂਬਰ ਸਾਹਿਬਾਨ ਨੇ ਰਿਪੋਰਟ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਸਰਦਾਰ ਸੁਖਪਾਲ ਸਿੰਘ ਖਹਿਰਾ, ਵਿਰੋਧੀ ਧਿਰ ਦੇ ਨੇਤਾ | 03 ਮਿੰਟ |
| 2. | ਸਰਦਾਰ ਪਰਮਿੰਦਰ ਸਿੰਘ ਢੀਂਡਸਾ, ਸ਼੍ਰੋਮਣੀ ਅਕਾਲੀ ਦਲ | 01 ਮਿੰਟ |

8. <u>ਰਿਪੋਰਟਾਂ ਪੇਸ਼ ਕਰਨਾ</u>

1. ਵਿਸ਼ੇਸ਼ ਅਧਿਕਾਰ ਕਮੇਟੀ ਦੇ ਸਭਾਪਤੀ (ਸਰਦਾਰ ਸੁਖਜਿੰਦਰ ਸਿੰਘ ਰੰਧਾਵਾ) ਨੇ ਵਿਸ਼ੇਸ਼ ਅਧਿਕਾਰ ਦੇ ਉਠਾਏ ਗਏ ਮਾਮਲਿਆਂ ਸੰਬੰਧੀ ਨਿਮਨਲਿਖਤ ਅੰਤਰਿਮ ਰਿਪੋਰਟਾਂ ਪੇਸ਼ ਕੀਤੀਆਂ:

i) ਸ਼੍ਰੀ ਬ੍ਰਹਮ ਮਹਿੰਦਰਾ, ਸੰਸਦੀ ਮਾਮਲੇ ਮੰਤਰੀ, ਪੰਜਾਬ ਦੁਆਰਾ ਸਰਦਾਰ ਸੁਖਪਾਲ ਸਿੰਘ ਖਹਿਰਾ, ਐਮ.ਐਲ.ਏ (ਹੁਣ ਵਿਰੋਧੀ ਧਿਰ ਦੇ ਨੇਤਾ) ਵਿਰੁੱਧ;

ii) ਸਰਦਾਰ ਕੁਲਬੀਰ ਸਿੰਘ ਜੀਰਾ, ਐਮ.ਐਲ.ਏ ਦੁਆਰਾ ਸਰਦਾਰ ਸਿਮਰਜੀਤ ਸਿੰਘ ਬੈਂਸ, ਐਮ.ਐਲ.ਏ ਵਿਰੁੱਧ;

iii) ਸ਼੍ਰੀ ਬ੍ਰਹਮ ਮਹਿੰਦਰਾ, ਸੰਸਦੀ ਮਾਮਲੇ ਮੰਤਰੀ, ਪੰਜਾਬ ਦੁਆਰਾ ਸ਼੍ਰੀ ਪਵਨ ਕੁਮਾਰ ਟੀਨੂ ਐਮ.ਐਲ.ਏ ਵਿਰੁੱਧ; ਅਤੇ

iv) ਸ਼੍ਰੀ ਬ੍ਰਹਮ ਮਹਿੰਦਰਾ, ਸੰਸਦੀ ਮਾਮਲੇ ਮੰਤਰੀ, ਪੰਜਾਬ ਦੁਆਰਾ ਸਰਦਾਰ ਸੁਖਬੀਰ ਸਿੰਘ ਬਾਦਲ, ਐਮ.ਐਲ.ਏ ਵਿਰੁੱਧ।

2. ਸਰਕਾਰੀ ਕਾਰੋਬਾਰ ਕਮੇਟੀ ਦੇ ਸਭਾਪਤੀ (ਸ਼੍ਰੀ ਓਮ ਪ੍ਰਕਾਸ਼ ਸੋਨੀ) ਨੇ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ ਸਬੰਧੀ ਸਾਲ 2013-14 ਲਈ ਸਰਕਾਰੀ ਅਦਾਰਿਆਂ (ਸਮਾਜਿਕ, ਆਮ ਅਤੇ ਆਰਥਿਕ ਖੇਤਰਾਂ) ਤੇ ਭਾਰਤ ਦੇ ਕੰਪਟ੍ਰੋਲਰ ਅਤੇ ਐਡੀਟਰ ਜਨਰਲ ਦੀ ਰਿਪੋਰਟ ਵਿਚ ਆਉਂਦੇ ਆਡਿਟ ਪੈਰ੍ਹਿਆਂ ਤੇ ਸਰਕਾਰੀ ਕਾਰੋਬਾਰ ਕਮੇਟੀ ਦੀ 116 ਵੀਂ ਰਿਪੋਰਟ ਪੇਸ਼ ਕੀਤੀ।

9. **ਮੇਜ਼ ਤੇ ਰੱਖੇ ਜਾਣ ਵਾਲੇ ਕਾਗਜ਼-ਪੱਤਰ**

ਸੰਸਦੀ ਮਾਮਲਿਆਂ ਦੇ ਮੰਤਰੀ ਨੇ ਅੱਜ ਦੀ ਕਾਰਜ-ਸੂਚੀ ਦੇ ਲੜੀ ਨੰ: VI ਅਧੀਨ ਦਰਸਾਏ ਗਏ ਲੜੀ ਨੰ: 1 ਤੋਂ 9 ਤੱਕ ਵਰਣਿਤ ਕਾਗਜ਼-ਪੱਤਰ ਸਦਨ ਦੀ ਮੇਜ਼ ਤੇ ਰੱਖੇ।

10. **ਰਾਜਪਾਲ ਦੇ ਭਾਸ਼ਣ ਤੇ ਧੰਨਵਾਦ ਪ੍ਰਸਤਾਵ ਅਤੇ ਬਹਿਸ**

ਮਾਨਯੋਗ ਮੈਂਬਰ **ਸਰਦਾਰ ਸੁਖਜਿੰਦਰ ਸਿੰਘ ਰੰਧਾਵਾ**, ਇੰਡੀਅਨ ਨੈਸ਼ਨਲ ਕਾਂਗਰਸ ਵਲੋਂ ਰਾਜਪਾਲ ਦੇ ਭਾਸ਼ਣ ਤੇ ਨਿਮਨਲਿਖਤ ਪ੍ਰਸਤਾਵ ਪੇਸ਼ ਕੀਤਾ ਗਿਆ ਜਿਸ ਦੀ ਮਾਨਯੋਗ ਮੈਂਬਰ ਸਰਦਾਰ ਅਮਰਿੰਦਰ ਸਿੰਘ ਰਾਜਾ ਵੜਿੰਗ, ਇੰਡੀਅਨ ਨੈਸ਼ਨਲ ਕਾਂਗਰਸ ਵੱਲੋਂ ਪ੍ਰੋੜਤਾ ਕੀਤੀ ਗਈ:-

" ਕਿ ਇਸ ਸਮਾਗਮ ਵਿਚ ਇਕੱਤਰ ਹੋਏ ਇਸ ਸਦਨ ਦੇ ਮੈਂਬਰ ਰਾਜਪਾਲ ਜੀ ਦੇ ਉਸ ਭਾਸ਼ਣ ਲਈ ਅਤਿ ਧੰਨਵਾਦੀ ਹਨ ਜੋ ਉਨ੍ਹਾਂ ਨੇ 20 ਮਾਰਚ, 2018 ਨੂੰ ਸਦਨ ਵਿਚ ਦੇਣ ਦੀ ਕ੍ਰਿਪਾਲਤਾ ਕੀਤੀ ।"

ਇਸ ਉਪਰੰਤ ਨਿਮਨਲਿਖਤ ਮੈਂਬਰ ਸਾਹਿਬਾਨ ਨੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਸਰਦਾਰ ਸੁਖਜਿੰਦਰ ਸਿੰਘ ਰੰਧਾਵਾ, ਇੰਡੀਅਨ ਨੈਸ਼ਨਲ ਕਾਂਗਰਸ | 49 ਮਿੰਟ |
| 2. | ਸਰਦਾਰ ਅਮਰਿੰਦਰ ਸਿੰਘ ਰਾਜਾ ਵੜਿੰਗ, ਇੰਡੀਅਨ ਨੈਸ਼ਨਲ ਕਾਂਗਰਸ | 34 ਮਿੰਟ |
| 3. | ਸਰਦਾਰ ਕੰਵਰ ਸੰਧੂ, ਆਮ ਆਦਮੀ ਪਾਰਟੀ | 12 ਮਿੰਟ |

11. **ਵਾਕ ਆਊਟ**

ਆਮ ਆਦਮੀ ਪਾਰਟੀ ਦੇ ਹਾਜ਼ਰ ਮੈਂਬਰ ਅਤੇ ਲੋਕ ਇਨਸਾਫ਼ ਪਾਰਟੀ ਦੇ ਦੋਵੇਂ ਹਾਜ਼ਰ ਮੈਂਬਰ ਕਿਸਾਨਾਂ ਦੀਆਂ ਖੁਦਕੁਸ਼ੀਆਂ ਦੇ ਮਾਮਲੇ ਵਿੱਚ ਦਿੱਤੀ ਗਈ ਐਡਜਰਨਮੈਂਟ ਮੋਸ਼ਨ ਦੇ ਰਿਜੈਕਟ ਹੋਣ ਅਤੇ ਇਸ ਮੁੱਦੇ ਤੇ ਬਹਿਸ ਕਰਨ ਲਈ ਸਮਾਂ ਨਾ ਦਿੱਤੇ ਜਾਣ ਦੇ ਰੋਸ ਵਜੋਂ ਨਾਅਰੇ ਮਾਰਦੇ ਹੋਏ ਸਦਨ ਵਿੱਚੋਂ ਵਾਕ ਆਊਟ ਕਰ ਗਏ।

12. **ਮਾਨਯੋਗ ਮੁੱਖ ਮੰਤਰੀ ਵਲੋਂ ਐਲਾਨ**

ਇਹ ਐਲਾਨ ਕੀਤਾ ਗਿਆ ਕਿ ਲੰਗਰ ਸ਼੍ਰੀ ਗੁਰੂ ਰਾਮ ਦਾਸ, ਸ਼੍ਰੀ ਦਰਬਾਰ ਸਾਹਿਬ ਲਈ ਜੋ ਰਸਦ ਖਰੀਦੀ ਜਾਂਦੀ ਹੈ ਉਸ ਤੇ ਜੋ ਜੀ.ਐਸ.ਟੀ ਲਿਆ ਜਾ ਰਿਹਾ ਹੈ, ਪੰਜਾਬ ਸਰਕਾਰ ਉਸ ਤੇ ਆਪਣਾ ਬਣਦਾ ਸ਼ੇਅਰ ਵਾਪਸ ਕਰੇਗੀ ਅਤੇ ਕੋਈ ਟੈਕਸ ਨਹੀਂ ਲੱਗਣ ਦਿੱਤਾ ਜਾਵੇਗਾ।

13. **ਮਤਾ**

ਸਰਦਾਰ ਮਨਪ੍ਰੀਤ ਸਿੰਘ ਬਾਦਲ, ਵਿੱਤ ਮੰਤਰੀ ਵਲੋਂ ਹੇਠ ਲਿਖਿਆ ਮਤਾ ਸਦਨ ਵਿਚ ਪੇਸ਼ ਕੀਤਾ ਗਿਆ, ਜਿਸ ਦੀ ਪ੍ਰੋੜਤਾ ਸ਼੍ਰੀ ਬ੍ਰਹਮ ਮਹਿੰਦਰਾ, ਸੰਸਦੀ ਮਾਮਲੇ ਮੰਤਰੀ ਨੇ ਕੀਤੀ ਅਤੇ ਮਤਾ ਸਰਬਸੰਮਤੀ ਨਾਲ ਪ੍ਰਵਾਨ ਹੋਇਆ:

"ਕਿ ਇਹ ਸਦਨ ਗੌਰਮਿੰਟ ਆਫ਼ ਇੰਡੀਆ ਅਤੇ ਜੀ.ਐਸ.ਟੀ. ਕੌਂਸਲ ਨੂੰ ਲੰਗਰ ਸ਼੍ਰੀ ਗੁਰੂ ਰਾਮਦਾਸ ਜੀ, ਸ਼੍ਰੀ ਦਰਬਾਰ ਸਾਹਿਬ ਅਤੇ ਦੁਰਗਿਆਨਾ ਮੰਦਿਰ ਵਿੱਚ ਚਲਦੇ ਲੰਗਰ ਤੇ ਜਿਹੜਾ ਜੀ.ਐਸ.ਟੀ ਨਾਫਿਜ਼ ਕੀਤਾ ਗਿਆ ਹੈ, ਉਸ ਨੂੰ ਹਟਾਉਣ ਦੀ ਪੁਰਜ਼ੋਰ ਸਿਫਾਰਸ਼ ਕਰਦਾ ਹੈ। "

ਮਤਾ ਪੇਸ਼ ਕਰਦੇ ਹੋਏ ਮਾਨਯੋਗ ਮੰਤਰੀ 02 ਮਿੰਟ ਲਈ ਬੋਲੇ। ਮਤੇ ਤੇ ਹੋਈ ਬਹਿਸ ਤੇ ਨਿਮਨਲਿਖਤ ਮੈਂਬਰ ਸਾਹਿਬਾਨ ਨੇ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:-

| | | |
|---|---|---|
| 1. | ਸਰਦਾਰ ਸੁਖਜਿੰਦਰ ਸਿੰਘ ਰੰਧਾਵਾ, ਇੰਡੀਅਨ ਨੈਸ਼ਨਲ ਕਾਂਗਰਸ | 02 ਮਿੰਟ |
| 2. | ਸਰਦਾਰ ਪਰਮਿੰਦਰ ਸਿੰਘ ਢੀਂਡਸਾ, ਸ਼੍ਰੋਮਣੀ ਅਕਾਲੀ ਦਲ | 01 ਮਿੰਟ |
| 3. | ਸਰਦਾਰ ਸੁਖਪਾਲ ਸਿੰਘ ਖਹਿਰਾ, ਵਿਰੋਧੀ ਧਿਰ ਦੇ ਨੇਤਾ | 02 ਮਿੰਟ |
| 4. | ਸ਼੍ਰੀ ਬ੍ਰਹਮ ਮਹਿੰਦਰਾ, ਸੰਸਦੀ ਮਾਮਲੇ ਮੰਤਰੀ | 01 ਮਿੰਟ |

ਸਦਨ ਦੇ ਸਥਗਿਤ ਹੋ ਜਾਣ ਕਾਰਨ ਸਰਦਾਰ ਕੰਵਰ ਸੰਧੂ, ਐਮ.ਐਲ.ਏ ਮਿਤੀ 21 ਮਾਰਚ, 2018 (ਬਾਅਦ ਦੁਪਹਿਰ) ਨੂੰ ਬਹਿਸ ਜਾਰੀ ਰੱਖਣਗੇ।

ਇਸ ਉਪਰੰਤ ਸਦਨ ਬੁੱਧਵਾਰ, ਮਿਤੀ 21 ਮਾਰਚ, 2018 ਦੇ 03.30 ਵਜੇ ਬਾਅਦ ਦੁਪਹਿਰ ਤੱਕ ਸਥੱਗਿਤ ਹੋ ਗਿਆ।

**ਚੰਡੀਗੜ:**
21 **ਮਾਰਚ**, 2018

**ਸ਼ਸ਼ੀ ਲਖਨਪਾਲ ਮਿਸ਼ਰਾ**
**ਸਕੱਤਰ।**